## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 10/127-02 ਅ1(6)/ ਕੋ:ਸੈਲ(2)
ਮਿਤੀ, ਐਸ.ਏ.ਐਸ.ਨਗਰ :- 31-3-15

ਸ੍ਰੀਮਤੀ ਜਸਵਿੰਦਰ ਪਾਲ ਕੌਰ, ਲੈਕਚਰਾਰ ਅਰਥ ਸਾਸਤਰ ਸਰਕਾਰੀ ਸੀਨੀਅਰ ਸਕੈਡਰੀ ਸਕੂਲ ਲਾਧੂਕੇ, ਜਿਲਾ ਫਿਰੋਜਪੁਰ ਨੂੰ ਮਿਤੀ 15-4-2000 ਤੋਂ ਲਗਾਤਾਰ ਆਪਣੀ ਡਿਊਟੀ ਤੋਂ ਗੈਰ ਹਾਜਰ ਰਹਿਣ ਕਾਰਨ ਇਸ ਦਫਤਰ ਦੇ ਹੁਕਮ ਨੰ: 10/127-2002 ਅਮਲਾ-1(5) ਮਿਤੀ 28.05.2003/13.11.03 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਜਸਵਿੰਦਰ ਪਾਲ ਕੌਰ, ਲੈਕਚਰਾਰ ਅਰਥ ਸਾਸਤਰ ਸਰਕਾਰੀ ਸੀਨੀਅਰ ਸਕੈਡਰੀ ਸਕੂਲ ਲਾਧੂਕੇ, ਜਿਲਾ ਫਿਰੋਜਪੁਰ ਵੱਲੋਂ ਦੋਸ਼ ਸੂਚੀ ਦਾ ਕੋਈ ਉਤਰ ਨਹੀਂ ਦਿੱਤਾ ਗਿਆ। ਉਸ ਵਿਰੁੱਧ ਲੱਗੇ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ:10/27-02 ਅ-1 (6) ਮਿਤੀ 10-03-2006/24-04-2006 ਰਾਹੀਂ ਸ੍ਰੀ ਨਿਰੰਜਣ ਸਿੰਘ , ਪ੍ਰਿੰਸੀਪਲ ਡਾਇਟ ਫਿਰੋਜਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ । ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਪੱਤਰ ਨੰ: 340 ਮਿਤੀ 29.07.10 ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 15-4-2000 ਤੋ ਲਗਾਤਾਰ ਆਪਣੀ ਡਿਊਟੀ ਤੋ ਅਣ ਅਧਿਕਾਰਤ ਤੌਰ ਤੇ ਗੈਰ ਹਾਜਰ ਹੋਣ ਦਾ ਦੋਸ਼ ਸਿੱਧ ਕੀਤਾ ਗਿਆ।

ਕਰਮਚਾਰਨ ਦੀ ਗੈਰ-ਹਾਜ਼ਰੀ ਦੌਰਾਨ ਹੀ ਉਸ ਦੀ ਰਿਟਾਇਰਮੈਂਟ (ਮਿਤੀ 31-1-2009) ਲੰਘ ਚੁੱਕੀ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ ਉਪਰੋਕਤ ਦਰਸਾਏ ਤੱਥਾਂ ਦੇ ਸਨਮੁੱਖ ਸ੍ਰੀਮਤੀ ਜਸਵਿੰਦਰ ਪਾਲ ਕੌਰ, ਲੈਕਚਰਾਰ ਅਰਥ ਸਾਸਤਰ, ਸਰਕਾਰੀ ਸੀਨੀਅਰ ਸਕੈਡਰੀ ਸਕੂਲ ਲਾਧੂਕੇ, ਜਿਲਾ ਫਿਰੋਜਪੁਰ , ਜੋ ਮਿਤੀ 15-4-2000 ਤੋ ਲਗਾਤਾਰ ਅਣ ਅਧਿਕਾਰਤ ਤੌਰ ਤੇ ਆਪਣੀ ਡਿਊਟੀ ਤੋਂ ਲਗਾਤਾਰ ਗੈਰ-ਹਾਜ਼ਰ ਚਲਦੀ ਰਹੀ ਹੈ, ਦੀਆ ਸੇਵਾਵਾਂ ਪੰਜਾਬ ਸਿਵਲ ਸਰਵਿਸਜ਼ ਵਾਲਿਯੂਮ 2 ਦੇ ਨਿਯਮ 3.17 A (2) ਅਧੀਨ ਫਾਰਫਿਟ (forfeit) ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ /5740-43 ਮਿਤੀ, ਐਸ.ਏ.ਐਸ.ਨਗਰ : 01-4-15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਫਿਰੋਜ਼ਪੁਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲੱਬਧ ਕਰਵਾਈ ਜਾਵੇ।
3. (ਰਜਿਸਟਰਡ) ਪ੍ਰਿੰਸੀਪਲ, ਸਰਕਾਰੀ ਸੀਨੀਅਰ ਸਕੈਡਰੀ ਸਕੂਲ ਲਾਧੂਕੇ, ਜਿਲਾ ਫਿਰੋਜਪੁਰ ਨੂੰ ਸਬੰਧਤ ਕਰਮਚਾਰਨ ਦੀ ਸੇਵਾਪੱਤਰੀ (ਅਸਲ) ਭੇਜਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਜਸਵਿੰਦਰ ਪਾਲ ਕੌਰ, ਲੈਕਚਰਾਰ ਅਰਥ ਸਾਸਤਰ, ਸਰਕਾਰੀ ਸੀਨੀਅਰ ਸਕੈਡਰੀ ਸਕੂਲ ਲਾਧੂਕੇ, ਜਿਲਾ ਫਿਰੋਜਪੁਰ।

ਨੱਥੀ: ਸੇਵਾਪੱਤਰੀ (ਅਸਲ)

ਸੁਪਰਡੈਂਟ ਕੋਆਰਡੀਨੇਸ਼ਨ ਸੈਲ